**ਪ੍ਰੈਸ ਨੋਟ-1**

**1/20734/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਾਜ਼ਿਲਕਾ

ਪੰਜਾਬ ਸਰਕਾਰ ਦੇ ਉੱਦਮ ਨਾਲ ਜ਼ਿਲ੍ਹੇ ਦੇ 13 ਵਿਦਿਆਰਥੀ ਕੋਟਾ ਤੋਂ

ਆਪਣੇ ਜ਼ਿਲ੍ਹੇ ’ਚ ਪਰਤੇ

*ਸਰਕਾਰੀ ਬੱਸਾਂ ਰਾਹੀ ਵੱਖ-ਵੱਖ ਜ਼ਿਲਿਆਂ ਦੇ 152 ਵਿਦਿਆਰਥੀਆਂ ਨੂੰ

ਬਠਿੰਡਾ ਤੋਂ ਸਬੰਧਤ ਜ਼ਿਲ੍ਹਿਆਂ ’ਚ ਪਹੁੰਚਾਇਆ

ਫਾਜ਼ਿਲਕਾ, 28 ਅਪ੍ਰੈਲ

ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਕੋਵਿਡ-19 ਤਹਿਤ ਤਾਲਾਬੰਦੀ ਅਤੇ ਕਰਫਿਊ ਦੀ ਸਥਿਤੀ ਦੇ ਮੱਦੇਨਜ਼ਰ ਜਿੱਥੇ ਪੰਜਾਬੀਆਂ ਨੂੰ ਹਰੇਕ ਲੋੜੀਂਦੀ ਸੁਵਿਧਾ ਮੁਹੱਈਆ ਕਰਵਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ, ਉਥੇ ਪੰਜਾਬ ਤੋਂ ਬਾਹਰ ਫਸੇ ਲੋਕਾਂ ਨੂੰ ਸਰਕਾਰੀ ਬੱਸਾਂ ਰਾਹੀ ਸੁਰੱਖਿਅਤ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣ ਲਈ ਸ਼ੁਰੂ ਕੀਤੇ ਯਤਨਾਂ ਨੂੰ ਬੂਰ ਪੈਣਾ ਸ਼ੁਰੂ ਹੋ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਰਾਜਸਥਾਨ ਵਿਖੇ ਸਿਖਿਆ ਨਗਰੀ ਕੋਟਾ ਵਿਖੇ ਤਾਲਾਬੰਦੀ/ਕਰਫਿਊ ਦੇ ਕਾਰਣ ਆਪਣੇ ਪਰਿਵਾਰਾਂ ਤੋਂ ਦੂਰ ਫਸੇ ਪੰਜਾਬ ਦੇ 152 ਵਿਦਿਆਰਥੀ ਪੰਜਾਬ ਵਾਪਸ ਆ ਗਏ ਹਨ। ਉਨ੍ਹਾਂ ਦੱਸਿਆ ਕਿ ਇਹਨਾਂ ’ਚ ਜ਼ਿਲ੍ਹਾ ਫਾਜ਼ਿਲਕਾ ਦੇ 13 ਵਿਦਿਆਰਥੀ ਸ਼ਾਮਿਲ ਹਨ, ਜਿਨ੍ਹਾਂ ਦੀ ਮੁੱਢਲੀ ਡਾਕਟਰੀ ਜਾਂਚ ਤੋਂ ਬਾਅਦ ਸੈਂਪਿਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਨਤੀਜੇ ਆਉਣ ਤੱਕ ਸਿਵਲ ਹਸਪਤਾਲ ਫ਼ਾਜ਼ਿਲਕਾ ਅਤੇ ਅਬੋਹਰ ਵਿਖੇ ਵਿਦਿਆਰਥੀਆਂ ਨੂੰ ਕੁਆਰਨਟਾਈਨ ਕੀਤਾ ਗਿਆ ਹੈ ਅਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਮੁੜ ਵਿਚਾਰ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਬਠਿੰਡਾ ਰਾਸਤੇ ਪੰਜਾਬ ਪਰਤੇ ਇੰਨ੍ਹਾਂ ਵਿਦਿਆਰਥੀਆਂ ਵਿਚ ਫਾਜ਼ਿਲਕਾ ਦੇ 13, ਮੋਗਾ ਦਾ 1, ਜਲੰਧਰ ਦੇ 10, ਕਪੂਰਥਲਾ ਦੇ 4, ਮਾਨਸਾ ਦੇ 5, ਸੰਗਰੂਰ ਦੇ 2, ਪਟਿਆਲਾ ਦੇ 4, ਫਤਿਹਗੜ੍ਹ ਸਾਹਿਬ ਦੇ 3, ਰੁਪਨਗਰ ਦੇ 2, ਮੋਹਾਲੀ ਦੇ 2, ਤਰਨਤਾਰਨ ਦਾ 1, ਸ੍ਰੀ ਅੰਮ੍ਰਿਤਸਰ ਸਾਹਿਬ ਦੇ 9, ਗੁਰਦਾਸਪੁਰ ਦੇ 13, ਪਠਾਨਕੋਟ ਦੇ 16, ਫਰੀਦਕੋਟ ਦੇ 2, ਫਿਰੋਜ਼ਪੁਰ ਦੇ 6, ਬਠਿੰਡੇ ਦੇ 24, ਬਰਨਾਲੇ ਦਾ 1, ਲੁਧਿਆਣਾ ਦੇ 25, ਹੁਸ਼ਿਆਰਪੁਰ ਦੇ 2, ਸ੍ਰੀ ਮੁਕਤਸਰ ਸਾਹਿਬ ਦੇ 2, ਅਤੇ ਚੰਡੀਗੜ੍ਹ ਦੇ 4 ਵਿਦਿਆਰਥੀ ਸ਼ਾਮਿਲ ਹਨ।

ਇਸ ਮੌਕੇ ਫਾਜ਼ਿਲਕਾ ਦੇ ਵਿਦਿਆਰਥੀ ਸ਼ਿਵ ਕੁਮਾਰ ਨੇ ਉਨ੍ਹਾਂ ਦੀ ਵਾਪਸੀ ਦਾ ਪ੍ਰਬੰਧ ਕਰਨ ਲਈ ਪੰਜਾਬ ਸਰਕਾਰ, ਸਿਵਲ ਤੇ ਪੁਲਿਸ ਪ੍ਰਸ਼ਾਸਨ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਰਾਸਤੇ ਵਿਚ ਉਨ੍ਹਾਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਗਈ।

**ਪ੍ਰੈਸ ਨੋਟ-2**

**1/20786/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਕੋਵਿਡ-19

ਸਿਹਤ ਵਿਭਾਗ ਵੱਲੋਂ ਮਗਨਰੇਗਾ ਅਧੀਨ ਕੰਮ ਕਰਨ ਵਾਲਿਆਂ ਲਈ ਸਫਾਈ ਅਤੇ ਸਵੱਛਤਾ

ਬਣਾਈ ਰੱਖਣ ਲਈ ਅਡਵਾਇਜਰੀ ਜਾਰੀ- ਸਿਵਲ ਸਰਜਨ

ਫ਼ਾਜ਼ਿਲਕਾ, 28 ਅਪ੍ਰੈਲ

ਸਿਹਤ ਤੇ ਪਰਿਵਾਰ ਭਲਾਈ ਮੰਤਰੀ ਸ. ਬਲਬੀਰ ਸਿੰਘ ਸਿੱਧੂ ਵਲੋ ਕੋਵਿਡ-19 ਦੇ ਮੱਦੇਨਜਰ ਮਗਨਰੇਗਾ ਅਧੀਨ ਕੰਮ ਕਰਨ ਵਾਲਿਆਂ ਲਈ ਸਫਾਈ ਅਤੇ ਸਵੱਛਤਾ ਬਣਾਈ ਰੱਖਣ ਸਬੰਧੀ ਕੀਤੀ ਗਈ ਅਡਵਾਇਜਰੀ ਬਾਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਦੇ ਫੈਲਾਅ/ਪ੍ਰਸਾਰ ਨੂੰ ਕਾਬੂ ਕਰਨ ਲਈ ਲੋਕ ਹਿੱਤ ਵਿੱਚ ਸਾਰੇ 22 ਜ਼ਿਲ੍ਹਿਆਂ ਵਿੱਚ ਕਰਫਿਊ ਲਗਾ ਕੇ ਲੋਕਾਂ ਦੀਆਂ ਗਤੀਵਿਧੀਆਂ ’ਤੇ ਸਖਤ ਪਾਬੰਦੀਆਂ ਲਗਾਈਆਂ ਗਈਆਂ ਹਨ। ਭਾਵੇਂ ਸਰਕਾਰ ਨੇ ਮਗਨਰੇਗਾ ਅਧੀਨ ਕੰਮ ਕਰਨ ਵਾਲੇ ਕਾਮਿਆਂ ਦੀਆਂ ਮੁਸ਼ਕਲਾਂ ਨੂੰ ਘਟਾਉਣ ਲਈ ਜਰੂਰੀ ਗਤੀਵਿਧੀਆਂ ਮੁੜ ਸੁਰੂ ਕਰਨ ਦੀ ਆਗਿਆ ਦਿੱਤੀ ਹੈ। ਫਿਰ ਵੀ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜਰੂਰੀ ਦਿਸਾ ਨਿਰਦੇਸਾਂ ਦੀ ਪਾਲਣਾ ਨੂੰ ਯਕੀਨੀ ਬਣਾਉਣਾ ਜਰੂਰੀ ਹੈ।

ਉਨ੍ਹਾਂ ਕਿਹਾ ਕਿ ਮਗਨਰੇਗਾ ਅਧੀਨ ਸੁਪਰਵਾਈਜਰੀ ਸਰਪੰਚ, ਜੀ.ਆਰ.ਐੱਸ., ਕਾਮਿਆਂ ਦੇ ਨਾਲ-ਨਾਲ ਕੰਮ ਸ਼ੁਰੂ ਕਰਨ ਵਾਲੇ ਖੇਤਰਾਂ ਵਿੱਚ ਨਿਰਦੇਸਾਂ ਦਾ ਪਾਲਣ ਕਰਨਾ ਯਕੀਨੀ ਬਨਾਉਣ ਲਈ ਸੁਪਰਵਾਈਜਰ ਇੱਕ ਵਿਆਪਕ ਕਾਰਜ ਯੋਜਨਾ ਇਸ ਢੰਗ ਨਾਲ ਵਿਕਸਤ ਕਰ ਸਕਦਾ ਹੈ ਕਿ ਉਹ ਕੰਮ ਵਾਲੀ ਥਾਂ ’ਤੇ ਰਿਪੋਰਟ ਕਰਨ ਦੇ ਸਮੇਂ ’ਤੇ ਮਗਨਰੇਗਾ ਕਰਮਚਾਰੀਆਂ ਨੂੰ ਕੰਮ ਦੌਰਾਨ ਆਰਾਮ ਦੇਣ ਦੇ ਸਮੇਂ ਸੋਸ਼ਲ ਡਿਸਟੈਂਸ ਬਾਰੇ ਦੱਸਦੇ ਹੋਏ ਆਪਸ ਵਿੱਚ ਕੁੱਝ ਫਾਸਲਾ ਰੱਖੇ ਜਿਸ ਨਾਲ ਕੰਮ ਵੀ ਸਮੇਂ ਸਿਰ ਮੁਕੰਮਲ ਹੋ ਜਾਵੇ ਤੇ ਕੰਮ ਵਿੱਚ ਕੋਈ ਰੁਕਾਵਟ ਵੀ ਨਾ ਆਵੇ। ਇਸੇ ਤਰ੍ਹਾਂ, ਕਾਰਜ ਖੇਤਰ ਨੂੰ ਕਾਰਜ ਵਾਲੀ ਥਾਂ ’ਤੇ ਇਸ ਤਰ੍ਹਾਂ ਨਿਰਧਾਰਤ ਕੀਤਾ ਜਾਵੇਗਾ ਕਿ ਮਨਰੇਗਾ ਕਰਮਚਾਰੀਆਂ ਦਰਮਿਆਨ ਘੱਟੋ-ਘੱਟ 1 ਮੀਟਰ ਦੀ ਸਮਾਜਿਕ ਦੂਰੀ ਦੇ ਨਿਯਮ ਨੂੰ ਕਾਇਮ ਰੱਖਿਆ ਜਾ ਸਕੇ।

ਡਾ ਸੁਰਿੰਦਰ ਨੇ ਕਿਹਾ ਕਿ ਬੁਖਾਰ ਜਾਂ ਹੋਰ ਲੱਛਣ ਜਿਵੇਂ ਖੰਘ/ਸਾਹ ਲੈਣ ਵਿੱਚ ਤਕਲੀਫ ਮਹਿਸੂਸ ਕਰਨ ਵਾਲੇ ਮਨਰੇਗਾ ਕਰਮਚਾਰੀਆਂ ਨੂੰ ਘਰ ਵਿੱਚ ਹੀ ਰਹਿਣ ਅਤੇ ਡਾਕਟਰੀ ਸਲਾਹ ਲੈਣ ਲਈ ਪ੍ਰੇਰਿਤ ਕੀਤਾ ਜਾਵੇ। ਮਨਰੇਗਾ ਵਰਕਰਾਂ ਨੂੰ ਸਲਾਹ ਦਿੱਤੀ ਜਾਏ ਕਿ ਉਹ ਕਿਸੇ ਨਾਲ ਹੱਥ ਨਾ ਮਿਲਾਉਣ ਜਾਂ ਕਿਸੇ ਨੂੰ ਗਲੇ ਨਾ ਲਗਾਉਣ। ਮਨਰੇਗਾ ਸਟਾਫ ਨੂੰ ਬਿਨਾਂ ਕੰਮ ਤੋਂ ਨਾ ਘੁੰਮਣ ਅਤੇ ਉਨ੍ਹਾਂ ਦੇ ਨਿਰਧਾਰਤ ਖੇਤਰ/ਸਾਈਟ ਤੋਂ ਹੀ ਕੰਮ ਕਰਨ ਦੀ ਸਲਾਹ ਦਿੱਤੀ ਜਾਵੇ।

ਇਸ ਮੋਕੇ ਜ਼ਿਲਾ ਮਾਸ ਮੀਡੀਆ ਅਫਸਰ ਸ੍ਰੀ ਅਨਿਲ ਧਾਮੂ ਕਿਹਾ ਕਿ ਸਰਪੰਚ/ਜੀਆਰਐਸ ਸਮੇਤ ਸਾਰਿਆਂ ਨੂੰ ਹਰ ਸਮੇਂ ਕੱਪੜੇ ਦੇ ਮਾਸਕ ਪਹਿਨਣੇ ਚਾਹੀਦੇ ਹਨ। ਮਾਸਕ ਨੂੰ ਇਸ ਢੰਗ ਨਾਲ ਪਹਿਨਿਆ ਜਾਣਾ ਚਾਹੀਦਾ ਹੈ ਕਿ ਇਹ ਨੱਕ ਦੇ ਨਾਲ ਨਾਲ ਮੂੰਹ ਨੂੰ ਵੀ ਕਵਰ ਕਰੇ। ਕੱਪੜੇ ਦੇ ਮਾਸਕ ਨੂੰ ਵਰਤੋਂ ਬਾਅਦ ਰੋਜ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ। ਹੱਥ ਧੋਣ ਅਤੇ ਰੋਗਾਣੂ-ਮੁਕਤ ਕਰਨ ਸਬੰਧੀ ਦਿਸਾ-ਨਿਰਦੇਸਾਂ ਨੂੰ ਵਿਸਥਾਰ ਨਾਲ ਦੱਸਦਿਆਂ, ਉਨ੍ਹਾਂ ਕਿਹਾ ਕਿ ਕਾਰਜ ਵਾਲੀ ਥਾਂ ’ਤੇ ਲੋੜੀਂਦੀ ਮਾਤਰਾ ਵਿਚ ਪਾਣੀ ਅਤੇ ਸਾਬਣ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾਵੇ। ਮਨਰੇਗਾ ਵਰਕਰਾਂ ਨੂੰ ਪ੍ਰੇਰਿਤ ਕੀਤਾ ਜਾਵੇ ਕਿ ਜਦੋਂ ਵੀ ਹੱਥ ਧੋਣ ਦਾ ਮੌਕਾ ਮਿਲੇ, ਉਹ ਘੱਟੋ-ਘੱਟ ਹੱਥਾਂ ਨੂੰ 40 ਸੈਕਿੰਡ ਤੱਕ ਚੰਗੀ ਤਰ੍ਹਾਂ ਹਥ ਧੋਣ, ਨਾਲ ਹੀ ਉਹ

ਹਥੇਲੀ, ਹੱਥ ਦਾ ਪਿਛਲਾ ਪਾਸਾ, ਉਂਗਲਾਂ ਅਤੇ ਅੰਗੂਠੇ ਵਿਚਕਾਰ ਵੀ ਚੰਗੀ ਤਰ੍ਹਾਂ ਸਾਬਣ ਤੇ ਪਾਣੀ ਨਾਲ ਹੱਥ ਸਾਫ ਕਰਨ। ਹਰ ਦੋ ਘੰਟੇ ਬਾਅਦ ਹੱਥ ਧੋਣ ਲਈ ਪ੍ਰੇਰਿਤ ਕੀਤਾ ਜਾਵੇ। ਉੱਪਰ ਦੱਸੇ ਅਨੁਸਾਰ ਕੰਮ ਸੁਰੂ ਕਰਨ ਤੋਂ ਪਹਿਲਾਂ ਅਤੇ ਕੰਮ ਕਰਨ ਤੋਂ ਬਾਅਦ ਹੱਥ ਲਾਜਮੀ ਤੌਰ 'ਤੇ ਸਾਬਣ ਅਤੇ ਪਾਣੀ ਨਾਲ ਧੋਣੇ ਚਾਹੀਦੇ ਹਨ।

ਉਨ੍ਹਾਂ ਕਿਹਾ ਕਿ ਜੇ ਕੋਈ ਮਗਨਰੇਗਾ ਕਰਮਚਾਰੀ ਤੇਜ ਬੁਖਾਰ/ਖੰਘ/ਛਿੱਕ/ ਸਾਹ ਲੈਣ ਵਿੱਚ ਮੁਸਕਲ ਮਹਿਸੂਸ ਕਰੇ, ਤਾਂ ਉਹ ਖੁਦ ਸੁਪਰਵਾਈਜਰ ਨੂੰ ਇਸ ਦੀ ਜਾਣਕਾਰੀ ਦੇਵੇ ਅਤੇ ਸਮੇਂ ਸਿਰ ਬੀਮਾਰੀ ਦਾ ਪਤਾ ਲਗਾਉਣ ਅਤੇ ਇਲਾਜ ਲਈ ਤੁਰੰਤ ਡਾਕਟਰੀ ਸਲਾਹ ਲਵੇ। ਮਨਰੇਗਾ ਕਰਮਚਾਰੀਆਂ ਨੂੰ ਇੱਕ ਦੂਜੇ ਤੋਂ ਇਨਫੈਕਸਨ ਨੂੰ ਰੋਕਣ ਲਈ ਉਹਨਾਂ ਨੂੰ ਇਕ ਦੂਜੇ ਨਾਲ ਦੁਪਹਿਰ ਦੇ ਖਾਣੇ/ਸਨੈਕਸ ਇੱਕਠਿਆਂ ਨਹੀਂ ਖਾਣੇ ਚਾਹੀਦੇ। ਜੇ ਕੋਈ ਕੰਮ ਦੌਰਾਨ ਸੰਪਰਕ ਵਿੱਚ ਆਉਣ ਕਰਕੇ ਕੋਵਿਡ-19 ਤੋਂ ਪੀੜਤ ਪਾਇਆ ਜਾਂਦਾ ਹੈ ਤਾਂ ਉਸ ਨੂੰ ਘਬਰਾਉਣ ਦੀ ਜਰੂਰਤ ਨਹੀਂ ਹੈ। ਕਿਸੇ ਨੂੰ ਹੈਲਪਲਾਈਨ ਨੰਬਰ 104 ਜਾ ਸਿਵਲ ਸਰਜਨ ਫਾਜਲਿਕਾ ਦੇ ਕੋਵਿਡ ਕੰਟਰੋਲ ਰੂਮ ਨੰਬਰ 01638-264105 ਨੂੰ ਰਿਪੋਰਟ ਕਰਨੀ ਚਾਹੀਦੀ ਹੈ, ਤਾਂ ਜੋ ਬੀਮਾਰੀ ਦਾ ਸਹੀ ਕਾਰਨ ਪਤਾ ਲੱਗ ਸਕੇ ਤੇ ਪੀੜਤ ਦੀ ਅਗਲੇਰੀ ਕਾਰਵਾਈ ਲਈ ਡਾਕਟਰ ਦੀ ਸਹਾਇਤਾ ਉਪਲਬਧ ਕਰਵਾਈ ਜਾ ਸਕੇ।

**ਪ੍ਰੈਸ ਨੋਟ-3**

**1/20792/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਬੀਤੇ ਦਿਨ ਤੱਕ 269645 ਮੀਟ੍ਰਿਕ ਟਨ ਕਣਕ ਦੀ ਹੋਈ ਆਮਦ-ਡਿਪਟੀ ਕਮਿਸ਼ਨਰ

*267156 ਮੀਟ੍ਰਿਕ ਟਨ ਕਣਕ ਦੀ ਹੋ ਚੁੱਕੀ ਹੈ ਖਰੀਦ

* ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ

ਫ਼ਾਜ਼ਿਲਕਾ, 28 ਅਪ੍ਰੈਲ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਬੀਤੇ ਦਿਨ ਤੱਕ ਮੰਡੀਆਂ ਵਿੱਖੇ 269645 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਅਤੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 267156 ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖਰੀਦ ਪ੍ਰਕਿਰਿਆ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਰਾਜਰਿਸ਼ੀ ਮਹਿਰਾ ਨੇ ਦੱਸਿਆ ਕਿ ਬੀਤੇ ਦਿਨ ਸੋਮਵਾਰ 27 ਅਪ੍ਰੈਲ ਨੂੰ 41768 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ, ਜਿਸ ਵਿਚੋਂ ਪਨਗਰੇਨ ਵੱਲੋਂ 12032 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 3926 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 10890 ਮੀਟ੍ਰਿਕ ਟਨ, ਪਨਸਪ ਵੱਲੋਂ 9960 ਮੀਟ੍ਰਿਕ ਟਨ ਅਤੇ ਪੰਜਾਬ ਵੇਅਰਹਾਊਸ ਵੱਲੋਂ 4960 ਮੀਟ੍ਰਿਕ ਟਨ ਕਣਕ ਖ਼ਰੀਦੀ ਗਈ ਹੈ।

**ਪ੍ਰੈਸ ਨੋਟ-4**

**1/20812/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਪੰਜਾਬ ਸਰਕਾਰ ਦੀ ਮਿਹਨਤ ਸਦਕਾ ਜੈਸਲਮੇਰ ਰਾਜਸਥਨ 'ਚ  ਫਸੇ 2585 ਮਜ਼ਦੂਰ ਪੰਜਾਬ ਦੀ ਹੱਦ 'ਚ ਪੈਂਦੇ ਪਹਿਲੇ ਪਿੰਡ ਗੁੰਮਜਾਲ ਵਿਖੇ ਸਰਕਾਰੀ ਬੱਸਾਂ ਰਾਹੀ ਪਰਤੇ

*ਸਿਹਤ ਵਿਭਾਗ ਦੀਆਂ 25 ਟੀਮਾਂ ਵੱਲੋਂ 8 ਪੈਟਰੋਲ ਪੰਪਾਂ 'ਤੇ ਲੇਬਰ ਦੀ ਕੀਤੀ ਸਕਰੀਨਿੰਗ

*ਜ਼ਿਲ੍ਹਾ ਫਾਜ਼ਿਲਕਾ ਦੇ 1104 ਮਜਦੂਰਾਂ ਸਮੇਤ ਸਮੁੱਚੀ ਲੇਬਰ ਨੇ ਪੰਜਾਬ ਸਰਕਾਰ ਦਾ ਵਿਸ਼ੇਸ ਤੌਰ ਤੇ ਕੀਤਾ ਧੰਨਵਾਦ

ਫ਼ਾਜਿਲਕਾ 28 ਅਪ੍ਰੈਲ:

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਾਲੀ ਪੰਜਾਬ ਸਰਕਾਰ ਦੀ ਮਿਹਨਤ ਸਦਕਾ ਜੈਸਲਮੇਰ ਰਾਜਸਥਾਨ 'ਚ ਫਸੇ 2585 ਮਜ਼ਦੂਰਾਂ ਨੂੰ ਰਾਜਸਥਾਨ ਬਾਰਡਰ ਰਾਹੀਂ ਪੰਜਾਬ ਦੀ ਹੱਦ 'ਚ ਪੈਂਦੇ ਜ਼ਿਲ੍ਹਾ ਫਾਜ਼ਿਲਕਾ ਦੇ ਪਹਿਲੇ ਪਿੰਡ ਗੁੰਮਜਾਲ ਵਿਖੇ ਸਰਕਾਰੀ ਬੱਸਾਂ ਰਾਹੀਂ ਲਿਆਂਦਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਕੋਵਿਡ-19 ਤਹਿਤ ਭਾਰਤ ਸਮੇਤ ਪੰਜਾਬ ਅੰਦਰ ਲੋਕ ਹਿੱਤਾਂ ਨੰੂ ਦੇਖਦਿਆਂ ਤਾਲਾਬੰਦੀ ਕੀਤੀ ਗਈ ਸੀ ਅਤੇ ਪੰਜਾਬ ਅੰਦਰ ਕਰਫਿਊ ਵੀ ਲਗਾਇਆ ਸੀ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਬਾਹਰਲੇ ਰਾਜਾਂ ਅੰਦਰ ਫਸੇ ਲੋਕਾਂ ਨੰੂ ਬੱਸਾਂ ਰਾਹੀ ਵਾਪਸ ਲਿਆਉਣ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਵੱਡੀ ਮੁਹਿੰਮ ਚਲਾਈ ਗਈ ਹੈ ਜਿਸਦੇ ਨਾਲ ਪੰਜਾਬ ਦੇ ਲੋਕ ਆਪਣੇ ਘਰਾਂ 'ਚ ਪਰਤਣੇ ਸ਼ੁਰੂ ਹੋ ਗਏ ਹਨ।

ਸ੍ਰ. ਸੰਧੂ ਨੇ ਦੱਸਿਆ ਬੀਤੇ ਦੋ ਦਿਨ ਪਹਿਲਾ ਫਾਜ਼ਿਲਕਾ ਬੱਸ ਸਟੈਂਡ ਤੋਂ 61 ਸਰਕਾਰੀ ਬੱਸਾਂ ਜੈਸਲਮੇਰ ਰਾਜਸਥਾਨ ਵਿਖੇ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆ ਦੇ 2585 ਮਜ਼ਦੂਰ ਜੋ 'ਚ ਲਾਕਡਾਊਨ ਕਰਕੇ ਫਸੇ ਹੋਏ ਸਨ ਨੰੂ ਲੈ ਕੇ ਪਰਤੀਆਂ ਹਨ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀਆਂ 25 ਟੀਮਾਂ ਵੱਲੋਂ ਸਾਮਾਜਿਕ ਦੂਰੀ ਦਾ ਧਿਆਨ ਰੱਖਦਿਆਂ 8 ਪੈਟਰੋਲ ਪੰਪਾਂ 'ਤੇ ਇਹਨਾਂ ਮਜ਼ਦੂਰਾਂ ਦੀ ਸਕਰੀਨਿੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮਜ਼ਦੂਰਾਂ ਦੇ ਸੈਂਪਲ ਲੈ ਕੇ ਨਤੀਜੇ ਆਉਣ ਤੱਕ ਤਹਿਸੀਲ ਵਾਈਜ਼ ਸਬ ਡਵੀਜ਼ਨ ਫ਼ਾਜ਼ਿਲਕਾ, ਅਬੋਹਰ ਅਤੇ ਜਲਾਲਾਬਾਦ ਵਿਖੇ ਸਥਾਪਿਤ ਕੁਆਰਨਟਾਈਨ ਸੈਂਟਰਾਂ ਵਿਖੇ ਰੱਖਿਆ ਜਾਵੇਗਾ ਅਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਰਿਪੋਰਟ ਆਉਣ 'ਤੇ ਮੁੜ ਵਿਚਾਰਿਆ ਜਾਵੇਗਾ। ਉਨ੍ਹਾਂ ਕਿਹਾ ਕਿ ਦੂਜੇ ਜ਼ਿਲ੍ਹਿਆਂ ਦੀ ਲੇਬਰ ਨੂੰ ਸਕਰੀਨਿੰਗ ਕਰਨ ਤੋਂ ਬਾਅਦ ਸਬੰਧਤ ਜ਼ਿਲਿਆਂ ਵਿੱਚ ਬੱਸਾਂ ਰਾਹੀਂ ਰਵਾਨਾ ਕਰ ਦਿੱਤਾ ਜਾਵੇਗਾ । ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫਾਜ਼ਿਲਕਾ ਦੇ 1104 ਮਜ਼ਦੂਰਾਂ ਸਮੇਤ ਸਮੁੱਚੀ ਲੇਬਰ ਨੇ ਪੰਜਾਬ ਪਰਤਣ 'ਤੇ ਪੰਜਾਬ ਸਰਕਾਰ ਦਾ ਵਿਸ਼ੇਸ ਤੌਰ ਤੇ ਧੰਨਵਾਦ ਕੀਤਾ।

ਡਿਪਟੀ ਕਮਿਸ਼ਨਰ ਸ੍. ਸੰਧੂ ਅਤੇ ਜ਼ਿਲ੍ਹਾ ਪੁਲਿਸ ਮੁਖੀ ਸ. ਹਰਜੀਤ ਸਿੰਘ ਨੇ ਮਜ਼ਦੂਰਾਂ ਦੀ ਕੀਤੀ ਜਾ ਰਹੀ ਸਕਰੀਨਿੰਗ ਦਾ ਨਿੱਜੀ ਤੌਰ ਤੇ ਪਿੰਡ ਗੁੰਮਜਾਲ ਵਿਖੇ ਪਹੁੰਚ ਕੇ ਜਾਇਜ਼ਾ ਲਿਆ। ਜ਼ਿਲ੍ਹਾ ਪ੍ਰਸ਼ਾਸਨ ਅਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਸਾਰੇ ਮਜ਼ਦੂਰਾਂ ਲਈ ਖਾਣਾ ਅਤੇ ਚਾਹ ਪਾਣੀ ਦਾ ਪ੍ਰਬੰਧ ਵੀ ਕੀਤਾ ਗਿਆ ਸੀ।

ਇਸ ਮੌਕੇ ਫਾਜ਼ਿਲਕਾ ਜ਼ਿਲ੍ਹੇ ਦੇ ਅਬੋਹਰ ਸ਼ਹਿਰ ਦੇ ਯਾਤਰੀ ਸੁਭਾਸ਼ ਨੇ ਕਿਹਾ ਕਿ ਪੰਜਾਬ ਸਰਕਾਰ ਉਪਰਾਲਿਆਂ ਸਦਕਾ ਹੀ ਉਨ੍ਹਾਂ ਦੀ ਪੰਜਾਬ ਵਾਪਸੀ ਸੰਭਵ ਹੋਈ। ਉਸਨੇ ਦੱਸਿਆ ਕਿ ਕਰਫਿਊ ਕਾਰਨ ਉਹ ਰਾਜਸਥਾਨ ਹੀ ਫਸ ਗਏ ਸਨ। ਯਾਤਰੀਆਂ ਨੇ ਇਸ ਮੌਕੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਨਿੱਜੀ ਰੂਚੀ ਲੈ ਕੇ ਉਨ੍ਹਾਂ ਦੀ ਵਾਪਸੀ ਲਈ ਰਾਹ ਪੱਧਰਾ ਕਰਵਾਉਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

ਇੱਥੇ ਜਿਕਰਯੋਗ ਹੈ ਜੈਸਲਮੇਰ ਵਿਖੇ ਫਸੇ ਮਜ਼ਦੂਰਾਂ 'ਚ ਫਾਜ਼ਿਲਕਾ ਨਾਲ ਸਬੰਧਤ 1104, ਸ੍ਰੀ ਮੁਕਤਸਰ ਦੇ 683, ਬਠਿੰਡਾ ਦੇ 300, ਫਰੀਦਕੋਟ ਦੇ 217, ਫਿਰੋਜ਼ਪੁਰ ਦੇ 57, ਮਾਨਸਾ ਦੇ 23, ਪਟਿਆਲਾ ਦੇ 20, ਜਲੰਧਰ ਦੇ 15, ਲੁਧਿਆਣਾ ਦੇ 11, ਮੋਗਾ ਦੇ 32, ਬਰਨਾਲਾ ਦੇ 20, ਕਪੂਰਥਲਾ ਦੇ 29 ਅਤੇ ਸੰਗਰੂਰ ਦੇ 74 ਮਜ਼ਦੂਰ ਸ਼ਾਮਿਲ ਹਨ।